Punjab Government Gazette

Published by Authority

No. 33] CHANDIGARH, FRIDAY, AUGUST 15, 2025 (SRAVANA 24, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਲੋਕ ਨਿਰਮਾਣ ਵਿਭਾਗ

(ਇਮਾਰਤਾਂ ਅਤੇ ਸੜਕਾਂ -1 ਸ਼ਾਖਾ)

ਅਧਿਸੂਚਨਾ

ਮਿਤੀ 30 ਨਵੰਬਰ, 2023

ਨੰ: PWD-BR105/42/2023-3BR1/733941.- ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਜਿਲਦ-1 ਭਾਗ-1 ਦੇ ਨਿਯਮ 3.26 (ਏ) ਅਤੇ (ਬੀ) ਵਿੱਚ ਵਿੱਤ ਵਿਭਾਗ ਵੱਲੋਂ ਨੋਟੀਫਿਕੇਸ਼ਨ ਮਿਤੀ 02.03.2020 ਰਾਹੀਂ ਕੀਤੀ ਗਈ ਸੋਧ ਦੇ ਸਨਮੁੱਖ ਸ਼੍ਰੀ ਨਰਿੰਦਰ ਸਿੰਘ, ਸੁਪਰਡੰਟ (ਗ੍ਰੇਡ-1), ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ) ਪਟਿਆਲਾ ਨੂੰ 58 ਸਾਲ ਦੀ ਉਮਰ ਪੂਰੀ ਕਰਨ ਤੇ ਮਿਤੀ 30.11.2023 ਤੋਂ ਸੇਵਾ ਨਿਵਰਿਤ ਕੀਤਾ ਜਾਂਦਾ ਹੈ।

2. ਜੇਕਰ ਉਕਤ ਅਧਿਕਾਰੀ ਵਿਰੁੱਧ ਮੋਜੂਦਾ ਸਮੇਂ/ਭਵਿੱਖ ਵਿੱਚ ਕੋਈ ਵਿਭਾਗੀ/ਚੌਕਸੀ ਪੜਤਾਲ ਜਾਂ ਮਿਸਲੇਨੀਅਸ ਐਡਵਾਂਸ ਰਕਮ ਆਦਿ ਦਾ ਕੇਸ ਲੰਬਿਤ ਹੋਵੇ ਤਾਂ ਉਸ ਤੇ ਇਸ ਰਿਟਾਇਰਮੈਂਟ ਦੇ ਹੁਕਮਾਂ ਦਾ ਕੋਈ ਅਸਰ ਨਹੀਂ ਹੋਵੇਗਾ ਅਤੇ ਸਬੰਧਤ ਅਧਿਕਾਰੀ ਵਿਰੁੱਧ ਕਾਰਵਾਈ ਜਾਰੀ ਰੱਖਣ ਦਾ ਸਰਕਾਰ ਦਾ ਹੱਕ ਰਾਖਵਾਂ ਹੋਵੇਗਾ। ਇਸ ਤੋਂ ਇਲਾਵਾ ਜੇਕਰ ਇਸ ਅਧਿਕਾਰੀ ਵਿਰੁੱਧ ਸਰਕਾਰ ਦਾ ਕੋਈ ਬਕਾਇਆ ਆਦਿ ਲੰਬਿਤ ਹੋਵੇ ਤਾਂ ਉਸ ਨੂੰ ਰਿਕਵਰ ਕਰਨ ਦਾ ਅਧਿਕਾਰ ਸਰਕਾਰ ਪਾਸ ਰਾਖਵਾਂ ਹੋਵੇਗਾ।

ਪ੍ਰਿਯਾਂਕ ਭਰਤੀ, ਆਈ.ਏ.ਐਸ.

ਸਕੱਤਰ,ਪੰਜਾਬ ਸਰਕਾਰ

ਲੋਕ ਨਿਰਮਾਣ ਵਿਭਾਗ (ਭ ਤੇ ਮ ਸ਼ਾਖਾ)

ਚੰਡੀਗੜ੍ਹ

ਮਿਤੀ 30 ਨਵੰਬਰ, 2023

3477/8-2025/Pb. Govt. Press, S.A.S. Nagar